ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮਨਜਿੰਦਰ ਸਿੰਘ, (82830-00236)
ਪ੍ਰਧਾਨ, ਹਿਊਮੈਨ ਰਾਈਟਸ ਐਂਡ
ਇਨਵਾਇਰਮੈਂਟ ਪ੍ਰੋਟੈਕਸ਼ਨ ਆਰਗਾਨਾਈਜੇਸ਼ਨ,
#699, ਬਲਾਕ-1, ਬੀ.ਆਰ.ਐਸ. ਨਗਰ,
ਲੁਧਿਆਣਾ। ...........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ।

(ਰਜਿਸਟਰਡ) ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ.,
ਲੋਕ ਸੂਚਨਾ ਅਧਿਕਾਰੀ-ਕਮ-
ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:942 ਆਫ਼ 2018**

**ਹਾਜ਼ਰ:-**

1) ਸ਼੍ਰੀ ਮਨਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਹੈਵੀ ਡਰਾਈਵਿੰਗ ਲਾਇਸੈਂਸਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 12-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 13-11-2018 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 07-01-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਫਿਰ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:942 ਆਫ਼ 2018**

ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣੀ ਗੈਰਹਾਜ਼ਰੀ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਿਹਾ ਅਤੇ ਨਾ ਹੀ ਉਸ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 11-07-2018 ਦੇ ਸਬੰਧ ਵਿੱਚ ਲਗਭੱਗ 6 ਮਹੀਨੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਵਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਿਹਾ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

6. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਸ਼ਿਕਾਇਤਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਕਹਿਣਾ ਨਹੀਂ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਚਿਨ ਸਿੰਗਲ,
ਮਕਾਨ ਨੰ:4716, ਮੁਹੱਲਾ ਭੋਗਿਆ,
ਨੇੜੇ ਲਪੇਸ਼ਾਹ ਚੌਕ,
ਜਗਰਾਓਂ, ਜ਼ਿਲ੍ਹਾ ਲੁਧਿਆਣਾ। ...........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਫੇਸ-8, ਐਸ.ਏ.ਐਸ. ਨਗਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:921 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, (98720-90755)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-01-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜੈ ਸਿੰਘ ਰਾਣਾ, ਸੀਨੀਅਰ ਸਹਾਇਕ ਨੇ ਕਿਹਾ ਸੀ ਕਿ ਸ਼ਿਕਾਇਤਕਰਤਾ ਵੱਲੋਂ ਪਾਈ ਗਈ ਆਰ.ਟੀ.ਆਈ., ਮਿਤੀ 14-06-2018 ਉਨ੍ਹਾਂ ਨੂੰ ਕਮਿਸ਼ਨ ਵੱਲੋਂ ਸੁਣਵਾਈ ਲਈ ਭੇਜੇ ਗਏ ਨੋਟਿਸ ਦੇ ਨਾਲ ਮਿਤੀ 05-10-2018 ਨੂੰ ਪਹਿਲੀ ਵਾਰ ਪ੍ਰਾਪਤ ਹੋਈ ਹੈ ਅਤੇ ਇਸ ਤੋਂ ਪਹਿਲਾਂ ਉਨ੍ਹਾਂ ਨੂੰ ਭੇਜੀ ਗਈ ਆਰ.ਟੀ.ਆਈ. ਉਪਲਬਧ ਨਹੀਂ ਹੋਈ। ਇਸ ਕਰਕੇ ਉਹ ਮਿਤੀ 05-10-2018 ਨੂੰ ਪ੍ਰਾਪਤ ਹੋਈ ਆਰ.ਟੀ.ਆਈ. ਮੁਤਾਬਿਕ ਸੂਚਨਾ ਇਕੱਠੀ ਕਰ ਰਹੇ ਹਨ।ਉਸ ਨੇ ਇਹ ਵੀ ਦੱਸਿਆ ਸੀ ਕਿ ਲੱਗਭਗ 80% ਸੂਚਨਾ ਇਕੱਠੀ ਕੀਤੀ ਜਾ ਚੁੱਕੀ ਹੈ ਅਤੇ ਲਗਭੱਗ 20% ਸੂਚਨਾ ਅਜੇ ਇੱਕਠੀ ਕਰਨੀ ਬਾਕੀ ਹੈ।ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕੁੱਝ ਸਮੇਂ ਦੀ ਮੰਗ ਕੀਤੀ ਗਈ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

**2.** ਅੱਜ ਫਿਰ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 04-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰੂਪ ਲਾਲ ਇੰਸਾ,
ਗਲੀ ਤਾਰਾ ਚੰਦ,
ਮੰਡੀ ਹਰਜੀਰਾਮ,
ਮਲੋਟ-152107,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ...........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਡੀ.ਏ.ਵੀ. ਕਾਲਿਜ, ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:951 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਆਰ.ਐਸ. ਡਡਵਾਲ, ਐਡਵੋਕੇਟ (98550-41135)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਡੀ.ਏ.ਵੀ. ਕਾਲਿਜ, ਮਲੋਟ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2010 ਤੋਂ 30-11-2017 ਤੱਕ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਵੱਲੋਂ ਅਵੇਲ ਕੀਤੀ ਗਈ ਮੈਡੀਕਲ ਛੁੱਟੀ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 14-11-2018 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਸ਼ਿਕਾਇਤਕਰਤਾ ਦੇ ਪੇਸ਼ੀ ਭਗਤ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

**3.** ਪੇਸ਼ੀ, ਮਿਤੀ 08-01-2019 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਦੋਵੇਂ ਧਿਰਾਂ ਨੂੰ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨ ਦਾ ਇੱਕ ਹੋਰ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:951 ਆਫ਼ 2018**

ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਆਰ.ਐਸ. ਡਡਵਾਲ, ਐਡਵੋਕੇਟ ਨੇ **ਦੱ**ਸਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 21-03-2018 ਦਾ ਵਿਸਥਾਰ-ਪੂਰਵਕ ਜਵਾਬ, ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਪੱਤਰ ਨੰ:14172, ਮਿਤੀ 20-04-2018 ਰਾਹੀਂ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਭੇਜ਼ ਦਿੱਤਾ ਗਿਆ ਸੀ। ਇਸ ਪੱਤਰ ਦੀ ਕਾਪੀ ਸ਼ਿਕਾਇਤਕਰਤਾ ਵਲੋਂ ਕਮਿਸ਼ਨ ਵਿਖੇ ਦਾਇਰ ਕੀਤੀ ਗਈ ਆਪਣੀ ਸ਼ਿਕਾਇਤ, ਮਿਤੀ 29-08-2018 ਨਾਲ ਵੀ ਭੇਜੀ ਹੋਈ ਹੈ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਜਾਣਾ ਚਾਹੀਦਾ ਸੀ। ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਵੀ ਸ਼ਿਕਾਇਤ ਕੇਸ ਵਿੱਚ ਕਮਿਸ਼ਨ ਵੱਲੋਂ ਸ਼ਿਕਾਇਤਕਰਤਾ ਨੂੰ ਕੋਈ ਸੂਚਨਾ ਮੁਹੱਈਆ ਕਰਵਾਉਣੀ ਨਹੀਂ ਬਣਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਿਤਿਨ ਡੋਗਰਾ, ਐਡਵੋਕੇਟ, (99881-15878)
ਚੈਂਬਰ ਨੰ:240,
ਜ਼ਿਲ੍ਹਾ ਕੋਰਟਸ ਕੰਪਲੈਕਸ,
ਪਠਾਨਕੋਟ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ।

(ਰਜਿਸਟਰਡ) ਸ਼੍ਰੀ ਅਸ਼ੋਕ ਕੁਮਾਰ ਵਧਾਵਨ,
ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ,
ਜਲੰਧਰ ਡਿਵੀਜ਼ਨ-ਕਮ-
ਆਰਬੀਟਰੇਟਰ,
ਜਲੰਧਰ। ....... ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:961 ਆਫ਼ 2018</u>**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-04-2018, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ-ਕਮ-ਆਰਬੀਟਰੇਟਰ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਇੰਦਰਜੀਤ ਸਿੰਘ, ਜ਼ਿਲ੍ਹਾ ਜੱਜ, ਜਲੰਧਰ ਵੱਲੋਂ Arb./0100033/2010 "Union of India and Anr. Versus Surjit Singh and Ors.- ਕੇਸ ਵਿੱਚ ਮਿਤੀ 05-11/2011 ਨੂੰ ਪਾਸ ਕੀਤੇ ਗਏ ਹੁਕਮਾਂ ਅਨੁਸਾਰ ਕੀਤੀ ਗਈ ਕਾਰਵਾਈ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 14-11-2018 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 08-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 08-01-2019 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ । ਪਰੰਤੂ ਉੱਤਰਦਾਤਾ (ਲੋਕ ਸੂਚਨਾ

ਚਲਦਾ---ਪੰਨਾ/2

ਅਧਿਕਾਰੀ) ਵੱਲੋਂ ਇੱਕ ਪੱਤਰ ਨੰ:751-52, ਮਿਤੀ 20-11-2018 ਪ੍ਰਾਪਤ ਹੋਇਆ ਸੀ ਜਿਸ ਅਨੁਸਾਰ ਸ਼ਿਕਾਇਤਕਰਤਾ ਨੂੰ ਨੁਕਤਾਵਾਰ ਸੂਚਨਾ ਭੇਜੀ ਹੋਈ ਸੀ। ਇਸ ਕਰਕੇ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਂਦੀਆਂ ਹੋਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਸ਼ਿਕਾਇਤਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਅੱਜ ਫਿਰ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋ ਰਿਹਾ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜ਼ ਰਿਹਾ ਹੈ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਿਹਾ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਸ਼੍ਰੀ ਅਸ਼ੋਕ ਕੁਮਾਰ ਵਧਾਵਨ, ਸੁਪਰਡੰਟ-ਕਮ- ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਜਲੰਧਰ ਡਿਵੀਜ਼ਨ-ਕਮ-ਆਰਬੀਟਰੇਟਰ, ਜਲੰਧਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਸ਼ਿਕਾਇਤਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਕਹਿਣਾ ਨਹੀਂ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-03-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਿਖੀ ਰਾਮ, (98788-04573)
ਪੁੱਤਰ ਸ਼੍ਰੀ ਲੇਖਾ ਰਾਮ ਰਾਣਾ
ਵਾਸੀ ਪਿੰਡ ਤੇ ਡਾਕਖਾਨਾ ਸਮਰਾੜੀ,
ਤਹਿਸੀਲ ਫਿਲੌਰ,
ਜ਼ਿਲ੍ਹਾ ਜਲੰਧਰ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1214 ਆਫ਼ 2018**

**ਹਾਜ਼ਰ:-** 1) ਸ਼੍ਰੀ ਰਿਖੀ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 04-09-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜਲੰਧਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਆਪਣੇ ਬਿਨੈ-ਪੱਤਰ, ਮਿਤੀ 21-07-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਸ਼ਿਕਾਇਤਕਰਤਾ ਨੇ ਅੱਜ ਪੇਸ਼ੀ ਸਮੇਂ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਗਈਆਂ ਹਨ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ
ਸ਼ਿਕਾਇਤਕਰਤਾ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, (94179-29931)
ਪੁੱਤਰ ਸ਼੍ਰੀਅਮਰ ਚੰਦ ਜੱਗਾ,
531/3, ਸ਼ਹੀਦ ਊਧਮ ਸਿੰਘ ਨਗਰ,
ਮਲੋਟ ਮੰਡੀ-152107,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1215 ਆਫ਼ 2018**

**ਹਾਜ਼ਰ:-** 1) ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈ ਕੁਮਾਰ, ਟੈਕਨੀਕਲ ਸਹਾਇਕ (93914-01313)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 28-07-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜਲੰਧਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਆਪਣੇ ਬਿਨੈ-ਪੱਤਰ, ਮਿਤੀ 21-07-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਗਈ ਸੀ। ਉਸ ਉਪਰੰਤ ਉਸ ਨੇ ਮਿਤੀ 22-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈ ਕੁਮਾਰ, ਟੈਕਨੀਕਲ ਸਹਾਇਕ ਨੇ ਪੱਤਰ ਨੰ:1986, ਮਿਤੀ 05-02-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਵਿੱਚ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਨੇ ਮਗਨਰੇਗਾ ਸਕੀਮ ਤਹਿਤ ਕਰਵਾਏ ਗਏ ਕੰਮਾਂ ਦੇ ਸਾਲ 2016-17 ਅਤੇ 2017-18 ਦੇ ਕੰਮਾਂ ਤੇ ਮਸਟਰੋਲਾਂ ਦੀਆਂ ਕਾਪੀਆਂ ਮੰਗੀਆਂ ਹਨ। ਮਗਨਰੇਗਾ ਦਾ ਸਾਰਾ ਡਾਟਾ ਵੈੱਬ ਸਾਈਟ www.nrega.nic.in ਤੇ ਉਪਲਬਧ ਹੈ ਜ਼ਿਸ ਤੋਂ ਸਾਰਾ ਡਾਟਾ ਪ੍ਰਾਪਤ ਕੀਤਾ ਜਾ ਸਕਦਾ ਹੈ।ਉਨ੍ਹਾਂ ਨੇ ਕਿਹਾ ਹੈ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਜ਼ੁਬਾਨੀ ਦੱਸਿਆ ਗਿਆ ਸੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਪਹਿਲਾਂ ਦਫ਼ਤਰ ਦਾ ਸਾਰਾ ਸਟਾਫ਼ ਪੰਚਾਇਤੀ ਚੋਣਾਂ ਵਿੱਚ ਰੁੱਝਿਆ ਹੋਣ ਕਾਰਨ ਸ਼ਿਕਾਇਤਕਰਤਾ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:1215 ਆਫ਼ 2018**

ਨੂੰ ਮਸਟਰੋਲਾਂ ਦੀਆਂ ਕਾਪੀਆਂ ਮੁਹੱਈਆ ਨਹੀਂ ਕਰਵਾਈਆਂ ਜਾ ਸਕੀਆਂ ਪਰ ਹੁਣ ਜਲਦੀ ਮਸਟਰੋਲਾਂ ਦੀਆਂ ਕਾਪੀਆਂ ਦੇ ਦਿੱਤੀਆਂ ਜਾਣਗੀਆਂ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਜਲਦੀ ਮਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਉੱਤਰਦਾਤਾ ਕੋਲੋਂ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਮਿਤੀ: ਚੰਡੀਗੜ੍ਹ, 05 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125, 2864110

ਸ੍ਰੀ ਮਲਕੀਅਤ ਸਿੰਘ, ਐਡਵੋਕੇਟ,
ਸਿਵਲ ਕੋਰਟ ਦਸੂਆ,
ਜ਼ਿਲ੍ਹਾ ਹੁਸ਼ਿਆਰਪੁਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ,
ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਹੁਸ਼ਿਆਰਪੁਰ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1216 ਆਫ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਪ੍ਰਦੀਪ ਸਿੰਘ (89684-21397) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਹਰਦੀਪ ਸਿੰਘ, ਸੁਪਰਡੰਟ (94658-83035)।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-04-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਹਾਜੀਪੁਰ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਸ਼ਿਕਾਇਤਕਰਤਾ ਨੇ ਸ਼੍ਰੀਮਤੀ ਗੁਰਬਖਸ਼ ਕੌਰ ਦੇ ਪਿੰਡ ਸਵਾਰ ਦੀ ਸਰਪੰਚ ਰਹਿਣ ਸਮੇਂ ਗਰਾਮ ਪੰਚਾਇਤ ਪਿੰਡ ਸਵਾਰ ਨੂੰ ਸਰਕਾਰ ਵਲੋਂ ਮਿਲੀਆਂ ਗਰਾਂਟਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 28-09-2018 ਨੂੰ ਸ਼ਿਕਾਇਤਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 22-11-2018 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 05-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਹਰਦੀਪ ਸਿੰਘ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਵਲੋਂ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਪਹਿਲਾਂ ਹੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਸ ਬਾਰੇ ਉਨ੍ਹਾਂ ਵੱਲੋ ਆਪਣੇ ਪੱਤਰ ਨੰ:27-29, ਮਿਤੀ 15-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਪ੍ਰਦੀਪ ਸਿੰਘ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਕਿਉਂਕਿ ਉਸ ਨੂੰ ਆਪਣੇ ਬਿਨੈ-ਪੱਤਰ ਦੇ ਨੁਕਤਾ ਨੰ:2 ਅਨੁਸਾਰ ਗਰਾਮ ਪੰਚਾਇਤ ਵੱਲੋਂ ਪਾਸ ਕੀਤੇ ਗਏ ਮਤਿਆਂ ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਦੇ ਨੁਕਤਾ ਨੰ:2 ਅਨੁਸਾਰ ਗਰਾਮ ਪੰਚਾਇਤ ਵੱਲੋਂ ਪਾਸ ਕੀਤੇ ਗਏ ਮਤਿਆਂ ਬਾਰੇ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125, 2864110

ਸ਼੍ਰੀ ਦਰਸ਼ਨ ਰਾਮ, (90562-24906)
ਪੁੱਤਰ ਸ਼੍ਰੀ ਪ੍ਰੀਤਮ ਰਾਮ,
ਪਿੰਡ ਢਾਬੀ ਗੁੱਜਰਾਂ,
ਤਹਿਸੀਲ ਪਾਤੜਾਂ,
ਜਿਲਾ ਪਟਿਆਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਪਾਤੜਾਂ, ਜ਼ਿਲ੍ਹਾ ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:1221 ਆਫ਼ 2018**

**ਹਾਜ਼ਰ:-** 1) ਸ਼੍ਰੀ ਦਰਸ਼ਨ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਰਾਜਿੰਦਰ ਕੁਮਾਰ, ਪੰਚਾਇਤ ਸਕੱਤਰ (94178-51520)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 15-09-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਪਾਤੜਾਂ, ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਸੁਖਦੇਵ ਸਿੰਘ ਦੇ ਪਿੰਡ ਢਾਬੀ ਦੇ ਸਰਪੰਚ ਬਣਨ ਤੋਂ ਬਾਅਦ ਗਰਾਮ ਪੰਚਾਇਤ ਨੂੰ ਮਿਲੀ ਗਰਾਂਟ ਅਤੇ ਪੰਚਾਇਤੀ ਜ਼ਮੀਨ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਕੁਮਾਰ, ਪੰਚਾਇਤ ਸਕੱਤਰ, ਸ਼ਿਕਾਇਕਰਤਾ ਨੂੰ ਸੂਚਨਾ ਦੇਣ ਵਾਸਤੇ ਲੈ ਕੇ ਆਇਆ ਸੀ ਪਰੰਤੂ ਉਸ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਸੂਚਨਾ ਵਾਪਸ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸੂਚਨਾ ਤੇ ਬਾਕਾਇਦਾ ਕਵਰਿੰਗ ਪੱਤਰ ਲਗਾ ਕੇ ਨੁਕਤਾਵਾਰ ਸੂਚਨਾ ਸ਼ਿਕਾਇਤਕਰਤਾ ਨੂੰ ਜਲਦੀ ਮੁਹੱਈਆ ਕੀਤੀ ਜਾਵੇ। ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਉੱਤਰਦਾਤਾ ਕੋਲੋਂ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈੱਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125, 2864110

ਸ਼੍ਰੀਮਤੀ ਸੁਖਵਿੰਦਰ ਕੌਰ, (ਮੋਬ 99880-40072)
ਪੁੱਤਰੀ ਸਵ: ਸ਼੍ਰੀ ਲਾਭ ਸਿੰਘ,
ਵਾਸੀ ਸਾਹਮਣੇ ਪ੍ਰਾਇਮਰੀ ਸਕੂਲ,
ਸ਼ਨੀ ਦੇਵ ਮੰਦਰ ਮਹੱਲਾ,
ਕੁਰਾਲੀ, ਜ਼ਿਲ੍ਹਾ ਐਸ.ਏ.ਐਸ. ਨਗਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ,
ਕੁਰਾਲੀ, ਜ਼ਿਲ੍ਹਾ ਐਸ.ਏ.ਐਸ. ਨਗਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1222 ਆਫ਼ 2018**

**ਹਾਜ਼ਰ:-** 1) ਸ਼੍ਰੀਮਤੀ ਸੁਖਵਿੰਦਰ ਕੌਰ ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਦਲਵਿੰਦਰ ਸਿੰਘ, ਏ.ਐਸ.ਆਈ. (80546-01234), ਥਾਣਾ ਸਦਰ ਕੁਰਾਲੀ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 13-11-2018, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ, ਕੁਰਾਲੀ, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਆਪਣੇ ਪੱਤਰ, ਮਿਤੀ 29-10-2018 ਦੀ ਪੜਤਾਲ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਦੋਵੇਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਲਵਿੰਦਰ ਸਿੰਘ, ਏ.ਐਸ.ਆਈ. ਥਾਣਾ ਸਦਰ, ਕੁਰਾਲੀ ਨੇ **ਦੱ**ਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1/ਆਰ.ਟੀ.ਆਈ.-5ਏ/ਥਾਣਾ ਸਦਰ, ਕੁਰਾਲੀ, ਮਿਤੀ 09-01-2019 ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਵਿਸਥਾਰ-ਪੂਰਵਕ ਸੂਚਨਾ ਭੇਜੀ ਜਾ ਚੁੱਕੀ ਹੈ। ਜਿਸ ਬਾਰੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ ਦਾ ਜਿਹੜਾ ਜ਼ਮੀਨੀ ਵਿਵਾਦ ਪਿੰਡ ਢਕੋਹਾ ਕਲਾਂ ਵਿਖੇ ਹੈ, ਉਹ ਥਾਣਾ ਮਾਜਰੀ ਨਾਲ ਸਬੰਧਤ ਹੈ ਜਦੋਂ ਕਿ ਸ਼ਿਕਾਇਤਕਰਤਾ ਇਸ ਸਮੇਂ ਸ਼ਨੀ ਮੰਦਰ ਦੇ ਨੇੜੇ ਕੁਰਾਲੀ ਵਿਖੇ ਰਹਿ ਰਹੀ ਹੈ ਜ਼ੋ ਥਾਣਾ ਸਿਟੀ ਕੁਰਾਲੀ ਦੇ ਏਰੀਏ ਵਿੱਚ ਹੈ। ਇਸ ਤਰ੍ਹਾਂ ਸ਼ਿਕਾਇਤਕਰਤਾ ਦੇ ਜਾਨ ਮਾਲ ਦੇ ਖਤਰੇ ਸਬੰਧੀ ਕਾਰਵਾਈ ਦਾ ਸਬੰਧ ਥਾਣਾ ਮਾਜਰੀ ਅਤੇ ਥਾਣਾ ਸਿਟੀ ਕੁਰਾਲੀ ਨਾਲ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ/ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ (ਸਦਰ),
ਕੁਰਾਲੀ, ਜ਼ਿਲ੍ਹਾ ਐਸ.ਏ.ਐਸ. ਨਗਰ।

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ, ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125, 2864110

ਸ਼੍ਰੀ ਰਣਜੀਤ ਸਿੰਘ, (98151-97875)
ਪੁੱਤਰ ਸ਼੍ਰੀ ਸਾਧੂ ਸਿੰਘ,
ਪਿੰਡ ਮੋਗਾ, ਡਾਕਖਾਨਾ ਭੋਗਪੁਰ,
ਜ਼ਿਲ੍ਹਾ ਜਲੰਧਰ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ,
ਪੰਜਾਬ, ਵਿਕਾਸ ਭਵਨ,
ਸੈਕਟਰ-62, ਮੁਹਾਲੀ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 1223 ਆਫ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਮਨਜੀਤ ਸਿੰਘ, ਰੀਡਰ (80540-15745)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 31-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਮੁਹਾਲੀ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਅਪੀਲ ਕੇਸ ਨੰ:121 ਆਫ 2014-ਸੁਦਰਸ਼ਨ ਸਿੰਘ ਬਨਾਮ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ-ਕਮ-ਕੁਲੈਕਟਰ, ਜਲੰਧਰ ਅਤੇ ਹੋਰਨਾਂ-ਵਿੱਚ ਕੀਤੀ ਗਈ ਕਾਰਵਾਈ ਨਾਲ ਸਬੰਧਤ ਮਿਸਲ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਮਨਜੀਤ ਸਿੰਘ, ਰੀਡਰ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਮੰਗੀ ਗਈ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ ਜਿਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਡੀ.ਪੀ.ਐਲ.ਏ.-3/2019/4484-86, ਮਿਤੀ 15-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਤੋਂ ਇਲਾਵਾ ਨਿਮਨ-ਹਸਤਾਖਰਤ ਦੀ ਸ਼ਿਕਾਇਤਕਰਤਾ ਨਾਲ ਫੋਨ ਤੇ ਗੱਲ ਵੀ ਹੋਈ ਹੈ ਅਤੇ ਉਸ ਨੇ ਕੇਸ ਬੰਦ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2069 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324)

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-01-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3653/ਪੀ.ਆਈ.ਓ., ਮਿਤੀ 04-01-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਇਸ ਕਰਕੇ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 04-02-2019 ਨਾਲ ਭੇਜੇ ਗਏ ਪੱਤਰ, ਮਿਤੀ 04-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਤਰਸੇਮ ਲਾਲ, ਕਲਰਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ

ਚਲਦਾ----ਪੰਨਾ/2

**<u>ਅਪੀਲ ਕੇਸ ਨੰ:2069 ਆਫ਼ 2018</u>**

ਹੀ ਭੇਜੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਕਿਸੇ ਕਿਸਮ ਦੀ ਤਰੁੱਟੀ ਬਾਰੇ ਸੂਚਿਤ ਨਹੀਂ ਕੀਤਾ ਗਿਆ।

3. ਅਪੀਲਕਰਤਾ ਵੱਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੂੰ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 14-11-2018 ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ ਜਦੋਂ ਕਿ ਕਮਿਸ਼ਨ ਵੱਲੋਂ ਮਿਤੀ 14-11-2018 ਦੇ ਹੁਕਮ ਤੋਂ ਬਾਅਦ ਹੁਕਮ, ਮਿਤੀ 08-01-2019 ਵੀ ਜਾਰੀ ਕੀਤਾ ਗਿਆ ਹੈ ਜ਼ੋ ਕਿ ਕਮਿਸ਼ਨ ਦੀ ਵੈੱਬਸਾਈਟ ਤੇ ਅਪਲੋਡ ਵੀ ਕੀਤਾ ਜਾ ਚੁੱਕਾ ਹੈ। ਇਸ ਕਰਕੇ ਅਪੀਲਕਰਤਾ ਨੂੰ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 08-01-2019 ਦੇ ਸਨਮੁੱਖ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2070 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324)

**ਹਕਮ:**

ਪਿਛਲੀ ਪੇਸ਼ੀ, ਮਿਤੀ 08-01-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3656/ਪੀ.ਆਈ.ਓ., ਮਿਤੀ 04-01-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਇਸ ਕਰਕੇ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਜੇਕਰ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਤੁਰੰਤ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਕਿਸੇ ਕਿਸਮ ਦੀਆਂ ਤਰੁੱਟੀਆਂ ਨੋਟ ਕਰਵਾਈਆਂ ਜਾਂਦੀਆਂ ਹਨ ਤਾਂ ਉਨ੍ਹਾਂ ਦੀ ਪੂਰਤੀ ਕਰਕੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 04-02-2019 ਨਾਲ ਭੇਜੇ ਗਏ ਪੱਤਰ, ਮਿਤੀ 04-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਤਰਸੇਮ ਲਾਲ, ਕਲਰਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਪਹਿਲਾਂ

ਚਲਦਾ----ਪੰਨਾ/2

**ਅਪੀਲ ਕੇਸ ਨੰ:2070 ਆਫ਼ 2018**

ਹੀ ਭੇਜੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਕਿਸੇ ਕਿਸਮ ਦੀ ਤਰੁੱਟੀ ਬਾਰੇ ਸੂਚਿਤ ਨਹੀਂ ਕੀਤਾ ਗਿਆ।

3. ਅਪੀਲਕਰਤਾ ਵੱਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੂੰ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 14-11-2018 ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ ਜਦੋਂ ਕਿ ਕਮਿਸ਼ਨ ਵੱਲੋਂ ਮਿਤੀ 14-11-2018 ਦੇ ਹੁਕਮ ਤੋਂ ਬਾਅਦ ਹੁਕਮ, ਮਿਤੀ 08-01-2019 ਵੀ ਜਾਰੀ ਕੀਤਾ ਗਿਆ ਹੈ ਜ਼ੋ ਕਿ ਕਮਿਸ਼ਨ ਦੀ ਵੈੱਬਸਾਈਟ ਤੇ ਅਪਲੋਡ ਵੀ ਕੀਤਾ ਜਾ ਚੁੱਕਾ ਹੈ। ਇਸ ਕਰਕੇ ਅਪੀਲਕਰਤਾ ਨੂੰ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 08-01-2019 ਦੇ ਸਨਮੁੱਖ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ (98722-20039)
ਮਕਾਨ ਨੰ:78/8, ਪਾਰਕ ਰੋਡ,
ਨਵੀਂ ਮੰਡੀ, ਧੂਰੀ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2134 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324)

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-01-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 07-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਸਿੰਘ, ਜੂਨੀਅਰ ਇੰਜੀਨੀਅਰ, ਨਗਰ ਕੌਂਸਿਲ ਧੂਰੀ ਨੇ ਪੱਤਰ ਨੰ:3152/ਪੀ.ਆਈ.ਓ., ਮਿਤੀ 12-11-2018 ਪੇਸ਼ ਕਰਦੇ ਹੋਏ ਦੱਸਿਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਮਿਤੀ 06-04-2018 ਰਾਹੀਂ ਮੰਗੀ ਸੂਚਨਾ ਨਿੱਜੀ ਜਾਣਕਾਰੀ ਨਾਲ ਸਬੰਧਤ ਸੀ। ਇਸ ਲਈ ਪਬਲਿਕ ਤੋਂ ਸਹਿਮਤੀ ਲੈਣੀ ਜ਼ਰੂਰੀ ਸੀ। ਪਬਲਿਕ ਵੱਲੋਂ ਰਿਕਾਰਡ ਦੇਣ ਲਈ ਸਹਿਮਤੀ ਤੋਂ ਬਾਅਦ ਹੀ ਸੂਚਨਾ ਮੁਹੱਈਆ ਕਰਵਾਈ ਜਾਣੀ ਸੀ। ਇਸ ਸਬੰਧ ਵਿੱਚ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1077, ਮਿਤੀ 12-04-2018 ਦੁਆਰਾ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਸੀ। ਉਨ੍ਹਾਂ ਸਬੰਧਤ ਪਾਰਟੀ ਸਬੰਧਤ ਪਾਰਟੀ ਵੱਲੋ ਉਨ੍ਹਾਂ ਦੇ ਕਾਗਜ਼ਾਤ ਦੇ ਸਬੰਧੀ ਸਹਿਮਤੀ ਦੇਣ ਲਈ ਪੱਤਰ ਲਿਖੇ ਗਏ ਸਨ ਪਰੰਤੂ ਥਰਡ ਪਾਰਟੀ ਵੱਲੋਂ ਇਹ ਸੂਚਨਾ ਨਿੱਜੀ ਹੋਣ ਕਾਰਨ ਨਾ ਦੇਣ ਲਈ ਲਿਖਿਆ ਗਿਆ ਸੀ। ਇਸ ਕਰਕੇ ਉਨ੍ਹਾਂ ਵੱਲੋ ਕਿਹਾ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਥਰਡ ਪਾਰਟੀ ਨਾਲ ਸਬੰਧਤ ਹੋਣ ਕਰਕੇ ਅਪੀਲਕਰਤਾ ਨੂੰ ਦਿੱਤੀ ਨਹੀਂ ਜਾ ਸਕਦੀ। ਅਪੀਲਕਰਤਾ ਨੂੰ ਆਪਣਾ ਪੱਖ ਲਿਖਤੀ ਰੂਪ ਵਿੱਚ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ।ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ,

ਚਲਦਾ----ਪੰਨਾ/2

**<u>ਅਪੀਲ ਕੇਸ ਨੰ:2134 ਆਫ਼ 2018</u>**

ਮਿਤੀ 04-02-2019 ਨਾਲ ਭੇਜੇ ਗਏ ਪੱਤਰ, ਮਿਤੀ 04-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਤਰਸੇਮ ਲਾਲ, ਕਲਰਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਜਵਾਬ ਭੇਜਿਆ ਹੋਇਆ ਹੈ।

3. ਅਪੀਲਕਰਤਾ ਵੱਲੋਂ ਈ.ਮੇਲ ਰਾਹੀਂ ਭੇਜੇ ਗਏ ਪੱਤਰ ਨੂੰ ਘੋਖਣ ਉਪਰੰਤ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਪਣੇ ਪੱਤਰ ਵਿੱਚ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 14-11-2018 ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ ਜਦੋਂ ਕਿ ਕਮਿਸ਼ਨ ਵੱਲੋਂ ਮਿਤੀ 14-11-2018 ਦੇ ਹੁਕਮ ਤੋਂ ਬਾਅਦ ਹੁਕਮ, ਮਿਤੀ 08-01-2019 ਵੀ ਜਾਰੀ ਕੀਤਾ ਗਿਆ ਹੈ ਜ਼ੋ ਕਿ ਕਮਿਸ਼ਨ ਦੀ ਵੈੱਬਸਾਈਟ ਤੇ ਅਪਲੋਡ ਵੀ ਕੀਤਾ ਜਾ ਚੁੱਕਾ ਹੈ। ਇਸ ਕਰਕੇ ਅਪੀਲਕਰਤਾ ਨੂੰ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 08-01-2019 ਦੇ ਸਨਮੁੱਖ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਮਿਤੀ 07-03-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ (9041004313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:3571 ਆਫ਼ 2018**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ ਵੱਲੋਂ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਟਰੀ ਓਪਰੇਟਰ (90413-24168)।

**ਹਕਮ:**

ਪਿਛਲੀ ਪੇਸ਼ੀ, ਮਿਤੀ 09-01-2019 ਤੇ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-01-2019 ਨਾਲ ਭੇਜੇ ਗਏ ਪੱਤਰ ਨੰ:702, ਮਿਤੀ 09-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਮੰਗ ਕੀਤੀ ਗਈ ਸੀ। ਅਪੀਲਕਰਤਾ ਦੀ ਤਰਫੋਂ ਹਾਜ਼ਰ ਸ਼੍ਰੀ ਜ਼ਸਬੀਰ ਸਿੰਘ ਨੇ ਕਿਹਾ ਸੀ ਕਿ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਸਬੰਧੀ ਅਪੀਲਕਰਤਾ ਵੱਲੋਂ ਇੱਕ ਈ.ਮੇਲ ਮਿਤੀ 09-01-2019 ਵੀ ਪ੍ਰਾਪਤ ਹੋਈ ਸੀ ਜਿਸ ਰਾਹੀਂ ਦੱਸਿਆ ਗਿਆ ਸੀ ਕਿ ਉਸ ਨੂੰ ਉਸ ਦੇ ਬਿਨੈ-ਪੱਤਰ ਦੇ ਨੁਕਤਾ ਨੰ:5,6 ਅਤੇ 7 ਬਾਰੇ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਦੇ ਨੁਕਤਾ ਨੰ:5,6 ਅਤੇ 7 ਬਾਰੇ 10 ਦਿਨਾਂ ਦੇ ਅੰਦਰ-ਅੰਦਰ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾਵੇ ਅਤੇ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਸਮੇਤ ਪੋਸਟਲ ਰਸੀਦ ਦੀ ਕਾਪੀ ਅਗਲੀ ਪੇਸ਼ੀ ਤੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਨੇ ਆਪਣੇ ਲਿਖਤੀ ਬਿਆਨ, ਮਿਤੀ 05-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ 7 ਨੁਕਤਿਆਂ ਵਿੱਚੋ 5 ਨੁਕਤਿਆਂ ਦਾ ਸਬੰਧ ਉਨ੍ਹਾਂ ਦੇ ਦਫ਼ਤਰ ਨਾਲ ਹੋਣ ਕਾਰਨ ਅਪੀਲਕਰਤਾ ਨੂੰ ਉਨ੍ਹਾਂ ਪੱਤਰ ਨੰ:1805, ਮਿਤੀ 05-07-2018 ਅਤੇ ਪੱਤਰ ਨੰ:28, ਮਿਤੀ ਰਾਹੀਂ ਰਜਿਸਟਰਡ ਡਾਕ ਦੁਆਰਾ ਸੂਚਨਾ ਭੇਜੀ ਜਾ ਚੁੱਕੀ ਹੈ। ਬਾਕੀ ਦੋ ਨੁਕਤਿਆਂ ਵਿੱਚੋਂ ਨੁਕਤਾ ਨੰ:3 ਦਾ ਸਬੰਧ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ ਅਤੇ ਨੁਕਤਾ ਨੰ:7 ਦਾ ਸਬੰਧ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ. , ਆਰ.ਟੀ.ਆਈ. ਐਕਟ, 2005 ਦੇ ਨਿਯਮ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ। ਲੋਕ ਸੂਚਨਾ ਅਧਿਕਾਰੀ, ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਨੁਕਤਾ ਨੰ:3 ਅਤੇ 7 ਬਾਰੇ ਸੂਚਨਾ, ਸਬੰਧਤ ਅਦਾਰਿਆਂ ਤੋਂ ਇਕੱਠੀ (Collect) ਕਰਕੇ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਵੀ ਕੁਮਾਰ,
(ਆਰ.ਟੀ.ਆਈ. ਐਕਟੀਵਿਸਟ),
ਮਕਾਨ ਨੰ:107,
ਸੰਤਪੁਰਾ ਗੁਰੂਦਵਾਰਾ ਦੇ ਪਿਛਲੇ ਪਾਸੇ,
ਪਟਿਆਲਾ ਗੇਟ, ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ:3118 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-09-2017, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-01-2012ਤ ਤੋਂ 31-07-2017 ਤੱਕ ਬਾਬੂ ਨਾਨਕ ਚੰਦ ਕਾਲੜਾ ਚੈਰੀਟੇਬਲ ਟਰੱਸਟ, ਸੰਗਰੂਰ ਵਿੱਚ ਚੱਲ ਰਹੀ ਲਾਇਬ੍ਰੇਰੀ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:23/ਜ.ਸ., ਮਿਤੀ 04-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਸਬੰਧੀ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਅਸਲ ਰਸੀਦ ਵੀ ਭੇਜੀ ਗਈ ਹੈ। ਜਿਸ ਅਨੁਸਾਰ ਅਪੀਲਕਰਤਾ ਵੱਲੋਂ ਮਿਤੀ 08-01-2019 ਨੂੰ ਸੂਚਨਾ ਪ੍ਰਾਪਤ ਕੀਤੀ ਹੋਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 05 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**